# ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ।

ਮੀਮੋ ਨੰ:Transfer Cell/2023/528207/ ੫੧੧ ਮਿਤੀ: 28.06.2023

## ਜਨਤਕ ਸੂਚਨਾ

1.0 ਪੰਜਾਬ ਸਰਕਾਰ, ਸਿੱਖਿਆ ਵਿਭਾਗ ਦੇ ਪੱਤਰ ਨੰ 11/35/2018-1edu6/1508658, ਮਿਤੀ 25.06.2019 ਰਾਹੀਂ ਅਧਿਆਪਕ ਦੀ Teachers Transfer Policy-2019 ਜਾਰੀ ਕੀਤੀ ਗਈ ਸੀ ਅਤੇ ਉਸ ਉਪਰੰਤ ਸਮੇਂ ਸਮੇਂ ਤੇ ਸੋਧਾਂ ਜਾਰੀ ਕੀਤੀਆਂ ਗਈਆਂ ਸਨ।

2.0 ਸਰਕਾਰ ਵਲੋਂ ਰਾਜ ਵਿੱਚ ਵਿਦਿਆਰਥੀਆਂ ਦਾ ਸਰਵਪੱਖੀ ਵਿਕਾਸ ਕਰਨ ਅਤੇ ਉਨ੍ਹਾਂ ਨੂੰ ਆਪਣੇ ਜੀਵਨ ਦੇ ਹਰ ਪਹਿਲੂ ਪੱਖੋਂ ਕਾਮਯਾਬ ਅਤੇ ਜਿੰਮੇਵਾਰ ਇਨਸਾਨ ਬਣਾਉਣ ਹਿੱਤ 117 ਸਕੂਲ ਆਫ ਐਮੀਨੈਂਸ ਵਿਕਸਿਤ ਕੀਤੇ ਜਾ ਰਹੇ ਹਨ। ਇਨ੍ਹਾਂ ਸਕੂਲਾਂ ਵਿੱਚ ਉਕਤ ਉਦੇਸ਼ ਦੀ ਪ੍ਰਾਪਤੀ ਹੋਣਹਾਰ, ਕਾਬਲ ਅਤੇ ਅਗਾਂਹਵਧੂ ਸੋਚ ਰੱਖਣ ਵਾਲੇ ਅਧਿਆਪਕਾਂ ਦੇ ਸਹਿਯੋਗ ਨਾਲ ਹੀ ਸੰਭਵ ਹੋਵੇਗੀ। ਇਸ ਲਈ ਪੰਜਾਬ ਸਰਕਾਰ ਵਲੋਂ ਮਿਹਨਤੀ ਅਤੇ ਅਗਾਂਹਵਧੂ ਸੋਚ ਰੱਖਣ ਵਾਲੇ ਚਾਹਵਾਨ ਲੈਕਚਰਾਰ ਅਤੇ ਕੰਪਿਊਟਰ ਫੈਕਲਟੀ ਨੂੰ ਬਿਨਾਂ ਕਿਸੇ ਸ਼ਰਤ ਤੋਂ "ਸਕੂਲ ਆਫ ਐਮੀਨੈਂਸ" ਵਿੱਚ ਅੰਤਰ ਜ਼ਿਲ੍ਹਾ ਬਦਲੀ ਕਰਵਾਉਣ ਦਾ ਵਿਸ਼ੇਸ਼ ਮੌਕਾ ਦਿੱਤਾ ਜਾ ਰਿਹਾ ਹੈ।

3.0 ਉਪਰੋਕਤ ਦਰਸਾਏ ਅਨੁਸਾਰ ਜੋ ਲੈਕਚਰਾਰ ਅਤੇ ਕੰਪਿਊਟਰ ਫੈਕਲਟੀ ਬਦਲੀ ਕਰਵਾਉਣਾ ਚਾਹੁੰਦੇ ਹਨ ਉਹ ਆਪਣੇ ਵੇਰਵੇ ਜਿਵੇਂ ਕਿ General Details, Results, Service Record ਮਿਤੀ 28.06.2023 ਤੱਕ epunjabschoolportal ਤੇ ਆਪਣੇ employee login Id ਤੇ login ਕਰਕੇ ਭਰ ਸਕਦੇ ਹਨ। ਵੇਰਵੇ ਕੇਵਲ Online ਹੀ ਭਰੇ ਜਾ ਸਕਦੇ ਹਨ।

**4.0** ਲੈਕਚਰਾਰ ਅਤੇ ਕੰਪਿਊਟਰ ਫੈਕਲਟੀ ਵੱਲੋਂ ਆਪਣੀ ਪ੍ਰਤੀਬੇਨਤੀਆਂ ਸਬੰਧੀ ਵੱਖ-ਵੱਖ Modules ਭਰੇ ਜਾਣੇ ਹਨ, ਜੋ ਕਿ ਹੇਠ ਲਿਖੇ ਅਨੁਸਾਰ ਹਨ:

(iv) Update General Details
(v) Update Results
(vi) Update Service Record

ਉਪਰੋਕਤ modules ਵਿੱਚ ਮੁਕੰਮਲ ਵੇਰਵੇ ਭਰਨ ਉਪਰੰਤ Approve Data ਦਾ Button ਕਲਿਕ ਕੀਤਾ ਜਾਣਾ ਹੈ।

5.0 ਲੈਕਚਰਾਰ ਅਤੇ ਕੰਪਿਊਟਰ ਫੈਕਲਟੀ ਵਲੋਂ ਜੋ ਡਾਟਾ ਭਰਿਆ ਜਾਣਾ ਹੈ, ਉਸ ਦੀ ਤਸਦੀਕ ਸਬੰਧਤ ਸਕੂਲ ਮੁੱਖੀ/ਡੀ.ਡੀ.ਓ ਮਿਤੀ 29.06.2023 ਤੱਕ ਕਰਨਗੇ।

6.0 ਅਧੂਰੇ ਜਾਂ ਗਲਤ ਵੇਰਵੇ ਪਾਏ ਜਾਣ ਤੇ ਸਬੰਧਤ ਦੀ ਬਦਲੀ ਦੀ ਬੇਨਤੀ ਤੇ ਵਿਚਾਰ ਨਹੀਂ ਕੀਤਾ ਜਾਵੇਗਾ।

7.0 Special Category/Exempted Category ਅਧੀਨ ਅਪਲਾਈ ਕਰਨ ਵਾਲੇ ਲੈਕਚਰਾਰ ਅਤੇ ਕੰਪਿਊਟਰ ਫੈਕਲਟੀ ਆਪਣੀ Category ਸਬੰਧੀ ਦਸਤਾਵੇਜ ਨਾਲ ਨੱਥੀ ਕਰਨਗੇ। ਦਸਤਾਵੇਜ ਨੱਥੀ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਦੀ ਬੇਨਤੀ ਨੂੰ Special Category/Exempted Category ਅਧੀਨ ਨਹੀਂ ਵਿਚਾਰਿਆ ਜਾਵੇਗਾ।

8.0 ਲੈਕਚਰਾਰ ਅਤੇ ਕੰਪਿਊਟਰ ਫੈਕਲਟੀ ਜਿੰਨਾਂ ਦੇ ਵੇਰਵੇ ਸਹੀ ਪਾਏ ਜਾਣਗੇ ਉਨ੍ਹਾਂ ਤੋਂ ਹੀ ਬਦਲੀ ਲਈ ਮਿਤੀ **30.06.2023** ਨੂੰ Station Choice ਲਈ ਜਾਵੇਗੀ।

9.0 ਬਦਲੀਆਂ ਲਈ ਸਾਲ 2021-22 ਦੀ ACR ਵਿਚਾਰੀ ਜਾਵੇਗੀ।

10.0 ਜੇਕਰ ਕਿਸੇ ਲੈਕਚਰਾਰ ਅਤੇ ਕੰਪਿਊਟਰ ਫੈਕਲਟੀ ਨੂੰ ਬਦਲੀ ਲਈ ਆਨ ਲਾਇਨ ਬੇਨਤੀ ਕਰਨ ਵਿੱਚ ਦਿਕੱਤ ਪੇਸ਼ ਆਉਂਦੀ ਹੈ ਤਾਂ ਉਹ ਜਿਲਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿਨ੍ਹਾਂ ਦੀ ਫੋਨ ਨੰਬਰਾਂ ਦੀ ਸੂਚੀ epunjabschool portal ਤੇ ਉਪਲਬਧ ਹੈ।

(signature) 28/6/23

ਸਹਾਇਕ ਡਾਇਰੈਕਟਰ (ਟਰਾਂਸਫਰ ਸੈੱਲ)